# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ, ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)
ਐਸ.ਸੀ.ਓ. ਨੰ :104-106, ਦੂਜੀ ਅਤੇ ਤੀਜੀ ਮੰਜਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1) ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)।
2) ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ)।
3) ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।
ਪੰਜਾਬ

ਮੀਮੋ ਨੰ.: ਐਸ.ਐਸ.ਏ/ਐਮਸੀ/ 2013/ 5818-20
ਮਿਤੀ, ਚੰਡੀਗੜ੍ਹ 21 ਮਾਰਚ, 2013

ਵਿਸ਼ਾ:- ਦਸਵੀਂ ਅਤੇ ਬਾਰ੍ਹਵੀਂ ਜਮਾਤ ਨੂੰ ਛੱਡ ਕੇ ਬਾਕੀ ਜਮਾਤਾਂ ਦਾ ਨਤੀਜਾ ਘੋਸ਼ਿਤ ਕਰਨ ਅਤੇ ਮਾਪੇ-ਅਧਿਆਪਕ ਮਿਲਣੀ ਦੀ ਮਿਤੀ 28 ਮਾਰਚ, 2013 ਤੋਂ ਬਦਲ ਕੇ 30 ਮਾਰਚ, 2013 ਨੂੰ ਕਰਨ ਸਬੰਧੀ।

ਹਵਾਲਾ :- ਇਸ ਦਫ਼ਤਰ ਦੇ ਪੱਤਰ ਨੰ. ਸਸਅ/ਐਮਸੀ/2013/ 5081-83 ਮਿਤੀ, ਚੰਡੀਗੜ੍ਹ 13 ਮਾਰਚ, 2013 ਸਬੰਧੀ।

1.0 ਉਪਰੋਕਤ ਹਵਾਲੇ ਅਧੀਨ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਫੀਲਡ ਵਿੱਚੋਂ ਹੋਲੇ-ਮੁੱਹਲੇ ਦੀ ਇੱਕਤਰਤਾ ਨੂੰ ਲੈ ਕੇ ਲਗਾਤਾਰ ਆ ਰਹੀ ਮੰਗ ਨੂੰ ਮੱਦੇ ਨਜ਼ਰ ਰੱਖਦਿਆਂ ਹੋਏ ਪੰਜਾਬ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਦਸਵੀਂ ਅਤੇ ਬਾਰ੍ਹਵੀਂ ਜਮਾਤ ਨੂੰ ਛੱਡ ਕੇ ਬਾਕੀ ਸਾਰੀਆਂ ਜਮਾਤਾਂ ਦਾ ਨਤੀਜਾ ਘੋਸ਼ਿਤ ਕਰਨ, ਅਧਿਆਪਕ-ਮਾਪੇ ਮਿਲਣੀ ਅਤੇ ਸਕੂਲ ਪ੍ਰਬੰਧਕ ਕਮੇਟੀਆਂ ਦੀ ਮੀਟਿੰਗ ਮਿਤੀ 28.03.2013 ਤੋਂ ਬਦਲ ਕੇ ਮਿਤੀ 30.03.2013 ਨੂੰ ਕਰ ਦਿੱਤੀ ਗਈ ਹੈ।

3.0 ਇਸ ਮਿਲਣੀ ਦਾ ਸਮਾਂ ਦਿਨੇ 9:00 ਵਜੇ ਤੋਂ 1:00 ਵਜੇ ਤੱਕ ਰਹੇਗਾ। ਇਸ ਸਬੰਧੀ ਸਮੂਹ ਵਿਦਿਆਰਥੀਆਂ, ਮਾਪਿਆਂ, ਸਬੰਧਤ ਸਕੂਲ ਪ੍ਰਬੰਧਕ ਕਮੇਟੀਆਂ ਨੂੰ ਬਦਲੀ ਹੋਈ ਮਿਤੀ ਬਾਰੇ ਲਿਖਤੀ ਰੂਪ ਵਿੱਚ ਸੂਚਿਤ ਕਰ ਦਿੱਤਾ ਜਾਵੇ। ਇਸ ਮੀਟਿੰਗ ਬਾਰੇ ਬਦਲੀ ਗਈ ਮਿਤੀ ਦੀ ਪੂਰਨ ਰੂਪ ਵਿੱਚ ਸੂਚਨਾਂ ਪਹੁੰਚਾਉਣ ਲਈ ਸਕੂਲ ਮੁੱਖੀ ਪਿੰਡ ਦੇ ਗੁਰੂਦੁਆਰੇ ਦੇ ਲਾਊਡ ਸਪੀਕਰ ਰਾਹੀਂ ਵੀ ਸੂਚਿਤ ਕਰ ਦੇਣ, ਕਿ ਹੁਣ ਇਹ ਅਧਿਆਪਕ ਮਾਪੇ ਮਿਲਣੀ ਮਿਤੀ 28.03.2013 ਦੀ ਥਾਂ ਤੇ ਮਿਤੀ 30.03.2013 ਨੂੰ ਕਰਵਾਈ ਜਾਵੇਗੀ।

ਕੇ.ਐਸ.ਪੰਨੂੰ, ਆਈ.ਏ.ਐਸ.
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ

ਪਿੱਠ ਅੰਕਣ ਨੰ. : ਸਸਅ/ਐਮਸੀ/2013/5821-25 ਮਿਤੀ, ਚੰਡੀਗੜ੍ਹ 21-03-2013
ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਯੋਗ ਕਾਰਵਾਈ ਅਤੇ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ:-
1) ਡੀ.ਪੀ.ਆਈ. (ਸੈ.ਸਿ.), ਪੰਜਾਬ।
2) ਡੀ.ਪੀ.ਆਈ. (ਐ.ਸਿ.), ਪੰਜਾਬ।
3) ਸਮੂਹ ਮੰਡਲ ਸਿੱਖਿਆ ਅਫ਼ਸਰ, ਪੰਜਾਬ।
4) ਸਮੂਹ ਸਰਕਾਰੀ ਇੰਨ ਸਰਵਿਸ ਟ੍ਰੇਨਿੰਗ ਸੈਂਟਰ ਅਤੇ ਪ੍ਰਿੰਸੀਪਲ, ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾਂ ਅਤੇ ਬਲਾਕ ਸਿੱਖਿਆ ਅਧਿਕਾਰੀ, ਪੰਜਾਬ।

ਕੇ.ਐਸ.ਪੰਨੂੰ, ਆਈ.ਏ.ਐਸ.
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ

ਪਿੱਠ ਅੰਕਣ ਨੰ: ਸਸਅ/ਐਮਸੀ/2013/5825-27 ਮਿਤੀ, ਚੰਡੀਗੜ੍ਹ 21-03-2013

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਭੇਜਿਆ ਜਾਂਦਾ ਹੈ:-

1. ਡਾਇਰੈਕਟਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਨੂੰ ਇਸ ਬੇਨਤੀ ਨਾਲ ਕਿ ਜ਼ਿਲ੍ਹਾ ਪ੍ਰੀਸ਼ਦਾਂ ਅਧੀਨ ਪੈਂਦੇ ਸਕੂਲਾਂ ਵਿੱਚ ਇਸ ਮਾਪੇ-ਅਧਿਆਪਕ ਮਿਲਣੀ ਕਰਵਾਉਣ ਹਿੱਤ ਬਦਲੀ ਹੋਈ ਮਿਤੀ ਬਾਰੇ ਹਦਾਇਤਾਂ ਜਾਰੀ ਕਰਨ ਅਤੇ ਇਹਨਾਂ ਮਿਲਣੀਆਂ ਦੀ ਨਿਗਰਾਨੀ ਕਰਨ ਲਈ ਸਮੂਹ ਫੀਲਡ ਅਧਿਕਾਰੀਆਂ ਨੂੰ ਹਦਾਇਤ ਕਰਨ।

2. ਸਮੂਹ ਡਿਪਟੀ ਕਮਿਸ਼ਨਰ / ਚੈਅਰਮੈਨ, ਡੀ.ਈ.ਡੀ.ਸੀ., ਪੰਜਾਬ ਰਾਜ ਨੂੰ ਇਹ ਬੇਨਤੀ ਨਾਲ ਕਿ ਆਪਣੇ ਜ਼ਿਲ੍ਹਿਆਂ ਵਿੱਚ ਸਮੂਹ ਸਰਕਾਰੀ ਸਕੂਲਾਂ (ਸਮੇਤ ਜ਼ਿਲ੍ਹਾ ਪ੍ਰੀਸ਼ਦ ਅਧੀਨ ਆਉਂਦੇ ਸਕੂਲਾਂ) ਵਿੱਚ ਉੱਕਤ ਮਿਲਣੀ ਕਰਵਾਉਣ ਹਿੱਤ ਉਪਰਾਲੇ ਕਰਨ ਅਤੇ ਕੁੱਝ ਸਕੂਲਾਂ ਵਿੱਚ ਖੁਦ ਵੀ ਜਾ ਕੇ ਮਾਪੇ - ਅਧਿਆਪਕ ਮਿਲਣੀ ਅਤੇ ਸਕੂਲ ਪ੍ਰਬੰਧਕ ਕਮੇਟੀਆਂ ਦੀ ਮੀਟਿੰਗ ਦੀ ਸਰਪ੍ਰਸਤੀ ਕਰਨ ਅਤੇ ਮਾਪੇ ਅਧਿਆਪਕ ਮਿਲਣੀ ਦੀ ਬਦਲੀ ਹੋਈ ਮਿਤੀ ਬਾਰੇ ਹਦਾਇਤ ਜਾਰੀ ਕਰ ਦੇਣ ।

3. ਸਮੂਹ ਏ.ਡੀ.ਸੀ. (ਵਿਕਾਸ),ਪੰਜਾਬ ਨੂੰ ਜਾਣਕਾਰੀ ਹਿੱਤ ਅਤੇ ਜਰੂਰੀ ਕਾਰਵਾਈ ਹਿੱਤ।

ਕੇ.ਐਸ.ਪੰਨੂੰ, ਆਈ.ਏ.ਐਸ.
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ